GOVERNMENT OF WESTERN AUSTRALIA

Working with Children Check

# Factsheet CAT14
# ਬੱਚਿਆਂ ਨਾਲ ਸੰਬੰਧਿਤ ਕੰਮ ਦੀਆਂ ਸ਼੍ਰੇਣੀਆਂ 14: ਬੇਬੀ ਸਿਟਿੰਗ ਜਾਂ ਚਾਈਲਡ ਮਾਈਂਡਿੰਗ (ਮਾਪਿਆਂ ਦੀ ਗ਼ੈਰ-ਹਾਜ਼ਰੀ ਵਿੱਚ ਬੱਚੇ ਦੀ ਦੇਖਭਾਲ ਕਰਨ ਦੀ) ਸੇਵਾ

Punjabi | ਪੰਜਾਬੀ



ਬੇਬੀ ਸਿਟਿੰਗ ਜਾਂ **ਚਾਈਲਡ (child)** ਮਾਈਂਡਿੰਗ ਸੇਵਾ ਪਰ ਨਿੱਜੀ ਜਾਂ ਘਰੇਲੂ ਉਦੇਸ਼ਾਂ ਲਈ ਕੀਤੇ ਗਏ **ਗ਼ੈਰ-ਰਸਮੀ ਪ੍ਰਬੰਧ (informal arrangement)** ਨੂੰ ਸ਼ਾਮਲ ਨਹੀਂ ਕੀਤਾ ਜਾਂਦਾ ਹੈ।

## ਬੱਚਿਆਂ ਨਾਲ ਸੰਬੰਧਿਤ ਕੰਮ ਵਿੱਚ ਮੰਨੀਆਂ ਜਾਂਦੀਆਂ ਨੌਕਰੀ-ਭੂਮਿਕਾਵਾਂ

ਬੱਚਿਆਂ ਨਾਲ ਸੰਬੰਧਿਤ ਕੰਮ ਵਿੱਚ ਮੰਨੀਆਂ ਜਾਣ ਵਾਲੀਆਂ ਨੌਕਰੀ-ਭੂਮਿਕਾਵਾਂ ਦੀਆਂ ਕੁੱਝ ਉਦਾਹਰਣਾਂ ਹੇਠਾਂ ਦਿੱਤੀਆਂ ਗਈਆਂ ਹਨ। ਕਿਰਪਾ ਕਰਕੇ ਧਿਆਨ ਦਿਓ ਕਿ ਸਾਰੇ ਮਾਮਲਿਆਂ ਵਿੱਚ, ਕਿਸੇ ਨੌਕਰੀ-ਭੂਮਿਕਾ ਨੂੰ ਬੱਚਿਆਂ ਨਾਲ ਸੰਬੰਧਿਤ ਕੰਮ ਵਿੱਚ ਮੰਨੇ ਜਾਣ ਲਈ ਉਸ ਭੂਮਿਕਾ ਦੀਆਂ **ਆਮ ਡਿਊਟੀਆਂ (usual duties)** ਵਿੱਚ ਬੱਚੇ ਨਾਲ **ਸੰਪਰਕ (contact)** ਕਰਨਾ ਲਾਜ਼ਮੀ ਹੋਣਾ, ਜਾਂ ਸੰਪਰਕ ਹੋਣ ਦੀ ਸੰਭਾਵਨਾ ਸ਼ਾਮਲ ਹੋਣੀ ਚਾਹੀਦੀ ਹੈ। ਨੌਕਰੀ-ਭੂਮਿਕਾਵਾਂ ਵਿੱਚ ਸ਼ਾਮਲ ਹਨ:

- ਬੇਬੀ-ਸਿਟਰ, ਜਦੋਂ ਤੱਕ ਇਹ **ਰਿਸ਼ਤੇਦਾਰਾਂ (relatives)** ਜਾਂ ਦੋਸਤਾਂ ਵਿੱਚ ਗ਼ੈਰ-ਰਸਮੀ ਪ੍ਰਬੰਧ ਨਹੀਂ ਹੁੰਦਾ ਹੈ
- ਨੈਨੀਆਂ, ਏਯੂ (au) ਜੋੜੇ ਜਾਂ ਡੇਮੀ ਜੋੜੇ, ਜਦੋਂ ਤੱਕ ਇਹ ਰਿਸ਼ਤੇਦਾਰਾਂ ਜਾਂ ਦੋਸਤਾਂ ਵਿੱਚ ਗ਼ੈਰ-ਰਸਮੀ ਪ੍ਰਬੰਧ ਨਹੀਂ ਹੁੰਦਾ ਹੈ
- ਮਨੋਰੰਜਨ ਕੇਂਦਰ, ਚਰਚ, ਹੈਲਥ ਕਲੱਬ ਜਾਂ ਸ਼ਾਪਿੰਗ ਸੈਂਟਰ ਵਿੱਚ ਬਗ਼ੈਰ ਲਾਇਸੈਂਸ ਵਾਲੇ ਕ੍ਰੈਚ ਵਿੱਚ ਬੱਚਿਆਂ ਨਾਲ ਕੰਮ ਕਰਨ ਵਾਲਾ ਸਟਾਫ਼
- ਵਪਾਰਕ ਰੂਪ ਵਿੱਚ ਦੇਖਭਾਲ ਕਰਨ ਵਾਲੇ ਜੋ ਚਾਈਲਡ ਮਾਈਂਡਿੰਗ (ਰਾਹਤ ਦੇਖਭਾਲ) ਪ੍ਰਦਾਨ ਕਰਦੇ ਹਨ, ਜਦੋਂ ਤੱਕ ਇਹ ਰਿਸ਼ਤੇਦਾਰਾਂ ਜਾਂ ਦੋਸਤਾਂ ਵਿੱਚ ਗ਼ੈਰ-ਰਸਮੀ ਪ੍ਰਬੰਧ ਨਹੀਂ ਹੁੰਦਾ ਹੈ।

## ਛੋਟਾਂ

ਇਸ ਸ਼੍ਰੇਣੀ 'ਤੇ ਹੇਠ ਲਿਖੀਆਂ ਛੋਟਾਂ ਲਾਗੂ ਹੁੰਦੀਆਂ ਹਨ:

- ਬਾਲ **ਵਾਲੰਟੀਅਰ (volunteers)** - 18 ਸਾਲ ਤੋਂ ਘੱਟ ਉਮਰ ਦੇ ਵਾਲੰਟੀਅਰਾਂ ਦੁਆਰਾ ਕੀਤੇ ਗਏ ਕੰਮ
- 18 ਸਾਲ ਤੋਂ ਘੱਟ ਉਮਰ ਦੇ ਵੇਤਨ-ਰਹਿਤ ਪਲੇਸਮੈਂਟ ਕਰ ਰਹੇ **ਵਿਦਿਆਰਥੀ (students)**
- WA ਵਿੱਚ **ਥੋੜ੍ਹੇ ਸਮੇਂ ਲਈ ਆਏ ਸੈਲਾਨੀ (short-term visitors)**

- ਉਸੇ ਗਤੀਵਿਧੀ ਵਿੱਚ ਕਿਸੇ **ਮਾਤਾ ਜਾਂ ਪਿਤਾ (parent)** ਵੱਲੋਂ ਵਲੰਟੀਅਰ ਕਰਨਾ ਜਿਸ ਵਿੱਚ ਉਹਨਾਂ ਦਾ ਬੱਚਾ ਹਿੱਸਾ ਲੈ ਰਿਹਾ ਹੈ, ਜਾਂ ਆਮ ਤੌਰ 'ਤੇ ਹਿੱਸਾ ਲੈਂਦਾ ਹੈ, Factsheet CRW03 - ਛੋਟਾਂ, ਮਾਤਾ-ਪਿਤਾ ਵੱਲੋਂ ਵਲੰਟੀਅਰ ਕਰਨ ਦੀ ਛੋਟ ਵੇਖੋ
- ਇੱਕ ਵਾਰੀ ਦੇ ਰਾਸ਼ਟਰੀ ਸਮਾਗਮ ਜਾਂ ਰਾਸ਼ਟਰੀ ਟੂਰ, Factsheet CRW02 - ਛੋਟਾਂ, ਇੱਕ ਵਾਰੀ ਦੇ ਰਾਸ਼ਟਰੀ ਸਮਾਗਮ ਅਤੇ ਰਾਸ਼ਟਰੀ ਟੂਰ ਵੇਖੋ।

**ਮੋਟੇ ਅੱਖਰਾਂ ਵਾਲੇ** ਸ਼ਬਦਾਂ ਦੀ ਪਰਿਭਾਸ਼ਾ www.workingwithchildren.wa.gov.au ' ਤੇ ਵਰਕਿੰਗ ਵਿਦ ਚਿਲਡਰਨ ਚੈੱਕ ਸ਼ਬਦਾਵਲੀ ਵਿੱਚ ਲੱਭੀ ਜਾ ਸਕਦੀ ਹੈ।